# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :08-02-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ  ਨੇ ਅੱਜ ਕੁਆਲਾਲੰਪੁਰ ਵਿੱਚ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨਾਲ ਦੁਵੱਲੀ ਗੱਲਬਾਤ ਕੀਤੀ। ਇਹ ਗੱਲਬਾਤ, ਰੱਖਿਆ ਸਬੰਧ ਵਧਾਉਣ ਅਤੇ ਆਰਥਿਕਤਾ ਤੇ ਨਵੀਨਤਾ ਭਾਈਵਾਲੀ ਨੂੰ ਉਤਸ਼ਾਹਤ ਕਰਨ 'ਤੇ ਕੇਂਦਰਤ ਸੀ। ਗੱਲਬਾਤ ਦੌਰਾਨ ਕਈ ਸਮਝੌਤਿਆਂ 'ਤੇ ਦਸਤਖ਼ਤ ਕੀਤੇ ਗਏ, ਜਿਨ੍ਹਾਂ ਵਿਚ ਆਫ਼ਤ ਪ੍ਰਬੰਧ, ਆਡੀਓ-ਵਿਜ਼ੂਅਲ ਸਹਿ-ਉਤਪਾਦਨ, ਭ੍ਰਿਸ਼ਟਾਚਾਰ ਰੋਕਥਾਮ ਤੇ ਨਿਯੰਤਰਣ ਅਤੇ ਸੈਮੀ-ਕੰਡਕਟਰ ਵਿਕਾਸ ਤੇ ਸੁਰੱਖਿਆ ਸ਼ਾਮਲ ਨੇ।  ਪ੍ਰਧਾਨ ਮੰਤਰੀ ਮੋਦੀ ਨੇ ਕਿਹਾ..

Byte

---------------------------------------------

ਪੰਜਾਬ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਜਤਿੰਦਰ ਸਿੰਘ ਸ਼ੰਟੀ ਨੇ ਕੱਲ੍ਹ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਅਧਿਕਾਰੀਆਂ, ਸਰਪੰਚਾਂ ਅਤੇ ਸਮਾਜ ਸੇਵਕਾਂ ਨਾਲ ਅਹਿਮ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਹਰ ਜ਼ਿਲ੍ਹੇ ਵਿਚ 15-15 ਵਿਅਕਤੀਆਂ ਦੇ ਕੋਰ ਗਰੁੱਪ ਬਣਾਏ ਜਾ ਰਹੇ ਨੇ, ਜਿਹੜੇ ਕਿ ਕਮਿਸ਼ਨ ਨਾਲ ਸਬੰਧਤ ਸਮੱਸਿਆਵਾਂ ਧਿਆਨ ਵਿਚ ਲਿਆਉਣਗੇ। ਜੇ ਕਿਤੇ ਵੀ ਮਨੁੱਖੀ ਹੱਕਾਂ ਦਾ ਘਾਣ ਹੁੰਦਾ ਏ ਤਾਂ ਲਿਖਤੀ ਸ਼ਿਕਾਇਤ ਮਨੁੱਖੀ ਅਧਿਕਾਰ ਕਮਿਸ਼ਨਰ ਨੂੰ ਦਿੱਤੀ ਜਾਵੇ ਜਾਂ ਹੈਲਪਲਾਈਨ ਨੰਬਰ 98554 75547 ਉੱਤੇ ਸਮੱਸਿਆ ਦੱਸੀ ਜਾ ਸਕਦੀ ਏ।

---------------------------------------------

ਪੰਜਾਬ ਸਕੂਲ ਸਿੱਖਿਆ ਵਿਭਾਗ ਨੇ ਕੱਲ੍ਹ ਮਾਪਿਆਂ ਦੀ ਦੂਜੀ ਸਕੂਲ-ਪੱਧਰੀ ਵਰਕਸ਼ਾਪ ਕਰਵਾਈ, ਜਿਸ ਵਿੱਚ ਵੱਡੀ

ਗਿਣਤੀ ਵਿਚ ਵਿਦਿਆਰਥੀਆਂ ਦੇ ਮਾਪੇ ਸ਼ਾਮਲ ਹੋਏ। ਇਸ ਬਾਰੇ  ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਸਟੇਟ ਕੌਂਸਲ ਆਫ਼ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਇਸ ਪਹਿਲਕਦਮੀ ਨੇ ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਮਾਪਿਆਂ ਦੀ ਸ਼ਮੂਲੀਅਤ ਲਈ ਨਵਾਂ ਮਾਪਦੰਡ ਸਥਾਪਤ ਕੀਤਾ ਏ। ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਸਰਕਾਰੀ ਹਾਈ ਸਕੂਲ, ਮਾਣਕਪੁਰ ਨੰਗਲ ਵਿਚ ਇਸ ਵਰਕਸ਼ਾਪ ਵਿੱਚ ਸ਼ਮੂਲੀਅਤ ਦੌਰਾਨ ਮੰਤਰੀ ਨੇ ਕਿਹਾ ਕਿ ਦਸੰਬਰ 2025 ਵਿੱਚ ਕਰਵਾਈ ਗਈ ਪਹਿਲੀ ਵਰਕਸ਼ਾਪ ਦੀ ਸਫ਼ਲਤਾ ਦੇ ਅਧਾਰ ’ਤੇ ਇਹ ਦੂਜੀ ਵਰਕਸ਼ਾਪ ਕਰਵਾਈ ਜਾ ਰਹੀ  ਏ।

---------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਖਾਸਾ ਖੇਤਰ ਵਿੱਚ ਇਕ ਮੁਕਾਬਲੇ ਤੋਂ ਬਾਅਦ ਜਲੰਧਰ ਵਿਚ ਹੋਏ ਲੱਕੀ ਓਬਰਾਏ ਕਤਲ ਮਾਮਲੇ ਵਿੱਚ ਸ਼ਾਮਲ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ

ਕੀਤਾ ਏ । ਇਸ ਬਾਰੇ ਵੇਰਵੇ ਦਿੰਦਿਆਂ ਬਾਰਡਰ ਰੇਂਜ ਦੇ ਡੀ. ਆਈ. ਜੀ. ਸੰਦੀਪ ਗੋਇਲ ਨੇ ਕਿਹਾ ...Byte..

ਦੱਸਿਆ ਗਿਆ ਏ ਕਿ ਮਿੱਠਾਪੁਰ ਜਲੰਧਰ ਦੇ ਵਸਨੀਕ ਮੁਲਜ਼ਮ ਸ਼ਮਿੰਦਰ ਸਿੰਘ ਦਾ ਪੁਰਾਣਾ ਅਪਰਾਧਕ ਰਿਕਾਰਡ ਮੌਜੂਦ ਏ।

-----------------------------------------------

ਗੁਰਦਾਸਪੁਰ ਪੁਲਿਸ ਨੇ ਕੱਲ੍ਹ 2 ਮੁਲਜ਼ਮਾਂ ਨੂੰ 11 ਕਿੱਲੋ ਹੈਰੋਇਨ ਅਤੇ 5 ਲੱਖ 75 ਹਜਾਰ ਰੁਪਏ ਦੀ ਨਗਦੀ ਸਮੇਤ ਗ੍ਰਿਫ਼ਤਾਰ ਕਰ ਕੇ 2 ਅਪਰਾਧਕ ਗਿਰੋਹਾਂ ਦਾ ਪਰਦਾਫਾਸ਼ ਕੀਤਾ ਏ । ਇਸ ਬਾਰੇ ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਉੱਤਰ ਪ੍ਰਦੇਸ਼ ਵਿਚ ਮੁਜ਼ੱਫ਼ਰਨਗਰ ਦੇ ਕਾਸਿਮਪੁਰ ਦੇ ਰਹਿਣ ਵਾਲੇ ਮੁਹੰਮਦ ਵਸੀਮ ਅਤੇ ਅੰਮ੍ਰਿਤਸਰ ਦੇ ਵਸਨੀਕ ਹਰਸ਼ਦੀਪ ਸਿੰਘ ਹਰਸ਼ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਦੋਵਾਂ ਹੈਰੋਇਨ ਤੇ ਨਗਦੀ ਬਰਾਮਦ

ਕਰਨ ਤੋਂ ਇਲਾਵਾ ਇਨ੍ਹਾਂ ਮੁਲਜ਼ਮਾਂ ਦੀ ਉਹ ਕਾਰ ਵੀ ਜ਼ਬਤ ਕੀਤੀ ਏ, ਜਿਸ ਦੀ ਵਰਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਕੀਤੀ ਜਾ ਰਹੀ ਸੀ। ਇਹ ਮੁਲਜ਼ਮ ਪਾਕਿਸਤਾਨ ਸਥਿਤ ਹੈਂਡਲਰਾਂ ਦੇ ਸੰਪਰਕ ਵਿੱਚ ਸਨ।

-------------------------------------------

ਕ੍ਰਿਕਟ ਵਿੱਚ, ਭਾਰਤ ਨੇ ਕੱਲ੍ਹ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਖੇਡੇ ਗਏ ਟੀ-20 ਵਿਸ਼ਵ ਕੱਪ ਦੇ ਤੀਜੇ ਮੈਚ ਵਿੱਚ ਅਮਰੀਕਾ ਨੂੰ 29 ਦੌੜਾਂ ਨਾਲ ਹਰਾਇਆ। ਭਾਰਤ ਵੱਲੋਂ ਦਿੱਤੇ ਗਏ 162 ਦੌੜਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ ਅਮਰੀਕਾ, ਤੈਅਸ਼ੁਦਾ 20 ਓਵਰਾਂ ਵਿੱਚ 8 ਵਿਕਟਾਂ ਦੇ ਨੁਕਸਾਨ 'ਤੇ ਸਿਰਫ਼ 132 ਦੌੜਾਂ ਹੀ ਬਣਾ ਸਕਿਆ। ਕਪਤਾਨ ਸੂਰਿਆ ਕੁਮਾਰ ਯਾਦਵ ਨੇ 49 ਗੇਂਦਾਂ ਵਿੱਚ ਅਜੇਤੂ 84 ਦੌੜਾਂ ਬਣਾਈਆਂ। ਅੱਜ ਤਿੰਨ ਮੈਚ ਖੇਡੇ ਜਾਣਗੇ। ਨਿਊਜ਼ੀਲੈਂਡ ਅਤੇ ਅਫਗਾਨਿਸਤਾਨ ਵਿਚਕਾਰ ਪਹਿਲਾ ਮੈਚ ਸਵੇਰੇ 11 ਵਜੇ ਤੋਂ ਚੇਨਈ ਵਿਚ ਜਾਰੀ ਏ।

ਦੂਜਾ ਮੈਚ ਇੰਗਲੈਂਡ ਅਤੇ ਨੇਪਾਲ ਵਿਚਕਾਰ, ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਦੁਪਹਿਰ 3 ਵਜੇ ਖੇਡਿਆ ਜਾਵੇਗਾ ਅਤੇ ਤੀਜਾ ਮੈਚ, ਸ਼੍ਰੀਲੰਕਾ ਅਤੇ ਆਇਰਲੈਂਡ ਵਿਚਕਾਰ, ਸ਼ਾਮ 7 ਵਜੇ ਕੋਲੰਬੋ ਦੇ ਪ੍ਰੇਮਦਾਸਾ ਸਟੇਡੀਅਮ ਵਿੱਚ ਸ਼ੁਰੂ ਹੋਵੇਗਾ।